# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 21-12-2024**

ਪੰਜਾਬ ਵਿਚ ਅੱਜ ਪੰਜ ਨਗਰ ਨਿਗਮਾਂ ਤੇ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ 500 ਤੋਂ ਵੱਧ ਵਾਰਡਾਂ ਦੀਆਂ ਚੋਣਾਂ ਵਾਸਤੇ ਵੋਟਾਂ ਪਾਈਆਂ ਜਾ ਰਹੀਆਂ ਨੇ। ਸਵੇਰੇ 7 ਵਜੇ ਸ਼ੁਰੂ ਹੋਈ ਪੋਲਿੰਗ ਸ਼ਾਮ 4 ਵਜੇ ਤੱਕ ਜਾਰੀ ਰਹੇਗੀ। ਪੋਲਿੰਗ ਲਈ ਈ. ਵੀ. ਐਮਜ਼. (EVMs) ਦੀ ਵਰਤੋਂ ਕੀਤੀ ਜਾ ਰਹੀ ਏ। ਹੁਣੇ ਮਿਲੀ ਜਾਣਕਾਰੀ ਅਨੁਸਾਰ ਪੰਜਾਬ ਭਰ 11 ਵਜੇ ਤੱਕ 27 ਫੀਸਦ ਵੋਟਿੰਗ ਦਰਜ ਕੀਤੀ ਗਈ ਏ।

-----------------------------------------------------

ਉਪ ਰਾਸ਼ਟਰਪਤੀ ਜਗਦੀਪ ਧਨਖੜ ਅੱਜ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਇੱਕ ਦਿਨਾਂ ਦੌਰੇ ਨੇ। ਉਪ ਰਾਸ਼ਟਰਪਤੀ ਸਕੱਤਰੇਤ ਅਨੁਸਾਰ ਸ਼੍ਰੀ ਜਗਦੀਪ ਧਨਖੜ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਪੰਜਵੀਂ ਗਲੋਬਲ ਐਲੂਮਨੀ ਕਾਨਫਰੰਸ ਦਾ ਉਦਘਾਟਨ ਕਰ ਰਹੇ ਨੇ।

ਇਸ ਸਮਾਰੋਹ ਵਿਚ ਪੰਜਾਬ ਯੂਨੀਵਰਸਿਟੀ ਦੇ 1200 ਤੋਂ ਵੱਧ ਸਾਬਕ ਵਿਦਿਆਰਥੀ ਹਿੱਸਾ ਲੈ ਰਹੇ ਨੇ। ਉਦਘਾਟਨੀ ਸਮਾਗਮ ਯੂਨੀਵਰਸਿਟੀ ਦੇ ਲਾਅ ਆਡੀਟੋਰੀਅਮ ਵਿਚ ਹੋ ਰਿਹਾ ਏ। ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਡਾ. ਸੁਧੇਸ਼ ਧਨਖੜ ਨੇ ਆਪਣੀਆਂ ਸਵਰਗਵਾਸੀ ਮਾਵਾਂ ਕੇਸਰੀ ਦੇਵੀ ਜੀ ਤੇ ਸ੍ਰੀਮਤੀ ਭਗਵਤੀ ਦੇਵੀ ਜੀ ਦੀ ਯਾਦ ਵਿਚ ਯੂਨੀਵਰਸਿਟੀ ਕੈਂਪਸ ਵਿਚ ਬੂਟੇ ਵੀ ਲਾਏ।

---------------------------------------------------

ਸਰਕਾਰ ਨੇ ਕਿਹਾ ਏ ਕਿ ਪਿਛਲੇ ਪੰਜ ਸਾਲਾਂ ਦੌਰਾਨ ਦੇਸ਼ ਭਰ ਵਿੱਚ ਤਪਦਿਕ ਦੇ ਇਕ ਕਰੋੜ 30 ਲੱਖ ਤੋਂ ਵੱਧ ਮਾਮਲੇ ਸਾਹਮਣੇ ਆਏ ਨੇ। ਅੱਜ ਲੋਕ ਸਭਾ ਵਿੱਚ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ ਸਿਹਤ ਅਤੇ ਪਰਿਵਾਰ ਭਲਾਈ ਰਾਜ ਮੰਤਰੀ ਅਨੁਪ੍ਰਿਯਾ ਪਟੇਲ ਨੇ ਇਹ ਗੱਲ ਕਹੀ। ਉਨ੍ਹਾਂ ਦੱਸਿਆ ਕਿ ਲਗਭਗ ਇਕ ਕਰੋੜ ਛੇ ਹਜ਼ਾਰ ਲੋਕਾਂ ਦਾ ਇਲਾਜ ਕੀਤਾ ਗਿਆ ਏ। ਸਰਕਾਰ ਨੇ ਤਪਦਿਕ ਨਾਲ ਮੌਤਾਂ ਦੀ ਦਰ ਘਟਾਉਣ ਕਈ ਅਨੇਕਾਂ ਕਦਮ ਚੁੱਕੇ ਨੇ। ਮੰਤਰੀ ਨੇ ਇਹ ਵੀ ਦੱਸਿਆ ਕਿ ਰਾਸ਼ਟਰੀ ਤਪਦਿਕ ਖਾਤਮਾ ਪ੍ਰੋਗਰਾਮ ਦੇਸ਼ ਭਰ ਵਿੱਚ ਰਾਸ਼ਟਰੀ

ਸਿਹਤ ਮਿਸ਼ਨ ਦੀ ਅਗਵਾਈ ਹੇਠ ਲਾਗੂ ਕੀਤਾ ਗਿਆ ਏ । ਸਰਕਾਰ Ni-kshay Poshan Yojana ਤਹਿਤ ਮਰੀਜ਼ਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਪ੍ਰਦਾਨ ਕਰ ਰਹੀ ਏ ।

-----------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਅਤੇ ਪੰਜਾਬ ਸਟੇਟ ਕੌਂਸਲ ਫ਼ਾਰ ਵਿਗਿਆਨ ਤੇ ਤਕਨਾਲੌਜੀ ਵਲੋਂ ਕੌਮੀ ਗਣਿਤ ਦਿਵਸ ਮੌਕੇ ਭਾਰਤ ਦੇ ਮਹਾਨ ਗਣਿਤ ਸ਼ਾਸਤਰੀ ਸ੍ਰੀਨਿਵਾਸ ਰਾਮਾਨੁਜਨ ਦੀ ਯਾਦ ਵਿਚ ਗਣਿਤ ਦੀਆਂ ਗਤੀਵਿਧੀਆਂ ਦਾ ਸੈਸ਼ਨ ਕਰਵਾਇਆ ਗਿਆ । ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨ ਵਿਦਿਆਰਥੀਆਂ ਦੀ ਗਣਿਤ ਦੇ ਵਿਸ਼ੇ ਵਿਚ ਉਤਸੁਕਤਾ ਅਤੇ ਦਿਲਚਸਪੀ ਪੈਦਾ ਕਰਨਾ ਸੀ ਤਾਂ ਜੋ ਉਹ ਗਣਿਤ ਦੇ ਖੇਤਰ ਵਿਚ ਆਪਣਾ ਕਰੀਅਰ ਬਣਾਉਣ । ਗਣਿਤ ਦਿਵਸ ਮਨਾਉਣ ਦਾ ਇਸ ਵਾਰ ਸਿਰਲੇਖ “ਨਵੀਨਤਾ ਤੇ ਵਿਕਾਸ ਦਾ ਪੁੱਲ ਗਣਿਤ ਸੀ । ਇਸ ਮੌਕੇ ਸੰਬੋਧਨ ਕਰਦਿਆਂ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਦੇ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਕਿਹਾ ਕਿ ਗਣਿਤ ਜ਼ਿੰਦਗੀ ਦੇ ਹਰ ਪਹਿਲੂ ਲਈ ਜ਼ਰੂਰੀ ਏ । ਉਨ੍ਹਾਂ ਕਿਹਾ ਕਿ ਇਹ ਵੀ

ਦੇਖਿਆ ਗਿਆ ਏ ਕਿ ਕਿਤਾਬਾਂ ਰਾਹੀਂ ਗਣਿਤ ਨੂੰ ਸਮਝਣ ਤੇ ਸਿੱਖਣ ਵਿਚ ਆਉਂਦੀਆਂ ਮੁਸ਼ਕਲਾਂ ਕਾਰਨ ਉਹ ਗਣਿਤ ਤੋਂ ਡਰਨ ਲੱਗਦੇ ਨੇ। ਇਸ ਲਈ ਵਿਦਿਆਰਥੀਆਂ ਨੂੰ ਗਣਿਤ ਦੀਆਂ ਮੁਸ਼ਕਲਾਂ ਨੂੰ ਗੈਰ-ਰਸਮੀ ਸਿੱਖਿਆ ਰਾਹੀਂ ਸਮਝਾਉਣ ਸਮੇਂ ਦੀ ਅਹਿਮ ਲੋੜ ਏ। ਉਨ੍ਹਾਂ ਦੱਸਿਆ ਕਿ ਸਾਇੰਸ ਸਿਟੀ ਵਿਖੇ ਹੱਥੀਂ ਚਲਾਉਣ ਵਾਲੀਆਂ ਪ੍ਰਦਰਸ਼ਨੀਆਂ ਵਾਲੀ ਗਣਿਤ ਵਿਗਿਆਨ ਦੀ ਗੈਲਰੀ ਸਥਾਪਿਤ ਕਰ ਕੇ ਇਸ ਪਾਸੇ ਪਹਿਲਕਦਮੀ ਕੀਤੀ ਗਈ ਏ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸ਼ੁੱਕਰਵਾਰ ਨੂੰ ਗੁਰਦਾਸਪੁਰ ਜ਼ਿਲ੍ਹੇ ਦੇ ਡੇਰਾ ਬਾਬਾ ਨਾਨਕ ਵਿਖੇ ਤਾਇਨਾਤ ਮਾਲ ਪਟਵਾਰੀ ਹਰਜੀਤ ਰਾਏ ਨੂੰ 4 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਏ। ਇਸ ਸਬੰਧੀ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਬਟਾਲਾ ਤਹਿਸੀਲ ਦੇ ਪਿੰਡ ਨਸੀਰਪੁਰ ਦੇ ਵਸਨੀਕ ਸੁਰਿੰਦਰ ਸਿੰਘ ਵੱਲੋਂ ਦਰਜ ਕਰਵਾਈ ਗਈ ਇੱਕ ਆਨਲਾਈਨ ਸ਼ਿਕਾਇਤ ਦੀ ਪੜਤਾਲ

ਉਪਰੰਤ ਉਪਰੋਕਤ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਗਿਆ ਏ। ਸ਼ਿਕਾਇਤ ਦੀ ਤਫਤੀਸ਼ ਦੌਰਾਨ ਇਹ ਪਾਇਆ ਗਿਆ ਕਿ ਉਕਤ ਪਟਵਾਰੀ ਨੇ ਜੱਦੀ ਜ਼ਮੀਨ ਦਾ ਇੰਤਕਾਲ ਰੋਕਣ ਬਦਲੇ 4,000 ਰੁਪਏ ਦੀ ਰਿਸ਼ਵਤ ਲਈ ਸੀ, ਜੋ ਕਿ ਪਟਵਾਰੀ ਨੇ ਪਹਿਲਾਂ ਸ਼ਿਕਾਇਤਕਰਤਾ ਦੇ ਭਤੀਜੇ ਦੇ ਹੱਕ 'ਚ ਦਰਜ ਕੀਤੀ ਸੀ। ਇਸ ਸਬੰਧ ਵਿੱਚ ਵਿਜੀਲੈਂਸ ਬਿਓਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਏ।

---------------------------------------------------------------

ਪੰਜਾਬ ਲੋਕ ਸੇਵਾ ਕਮਿਸ਼ਨ ਨੇ ਰਜਿਸਟਰ ਏ-2 ਅਧੀਨ ਪੀਸੀਐਸ ਦੀਆਂ 21 ਅਤੇ ਪੀਸੀਐਸ ਰਜਿਸਟਰ-ਸੀ ਅਧੀਨ 5 ਅਸਾਮੀਆਂ ਲਈ ਅੰਤਿਮ ਨਤੀਜੇ ਐਲਾਨ ਦਿੱਤੇ ਨੇ। ਇਸ ਸਬੰਧੀ ਪੀਪੀਐਸਸੀ ਦੇ ਚੇਅਰਮੈਨ ਜਤਿੰਦਰ ਸਿੰਘ ਔਲਖ ਨੇ ਦੱਸਿਆ ਕਿ ਕੁੱਲ 957 ਉਮੀਦਵਾਰਾਂ ਨੇ ਇਨ੍ਹਾਂ ਅਸਾਮੀਆਂ ਲਈ ਅਪਲਾਈ ਕੀਤਾ ਸੀ

। ਇਹਨਾਂ ਅਸਾਮੀਆਂ ਲਈ 14 ਜੁਲਾਈ ਨੂੰ ਸੰਯੁਕਤ ਸਕ੍ਰੀਨਿੰਗ ਟੈਸਟ ਕਰਵਾਇਆ ਗਿਆ ਸੀ । ਉਨ੍ਹਾਂ ਦੱਸਿਆ ਕਿ ਮੈਰਿਟ ਸੂਚੀਆਂ ਪੀਪੀਐਸਸੀ ਦੀ ਅਧਿਕਾਰਤ ਵੈੱਬਸਾਈਟ www.ppsc.gov.in 'ਤੇ ਅਪਲੋਡ ਕਰ ਦਿੱਤੀਆਂ ਗਈਆਂ ਨੇ ।